# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 31-08-2024**

- ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿਖੇ, ਜ਼ਿਲ੍ਹਾ ਨਿਆਂਪਾਲਿਕਾ ਦੀ ਦੋ ਦਿਨਾਂ ਕੌਮੀ ਕਾਨਫਰੰਸ ਦਾ ਉਦਘਾਟਨ ਕੀਤਾ- ਕਿਹਾ ਕਿ ਔਰਤਾਂ ਵਿਰੁੱਧ ਅੱਤਿਆਚਾਰ ਅਤੇ ਬੱਚਿਆਂ ਦੀ ਸੁਰੱਖਿਆ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਏ।
- ਦੁਨੀਆ ਦੇ ਪ੍ਰਮੁੱਖ ਡਿਜੀਟਲ ਭੁਗਤਾਨ ਪਲੇਟਫਾਰਮਾਂ ਨੂੰ ਪਛਾੜਦੇ ਹੋਏ, ਭਾਰਤ ਦੇ ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ, ਇਸ ਸਾਲ ਅਪ੍ਰੈਲ-ਜੁਲਾਈ ਦੀ ਮਿਆਦ ਵਿੱਚ, ਕਰੀਬ 81 ਲੱਖ ਕਰੋੜ ਰੁਪਏ ਦਾ ਲੈਣ-ਦੇਣ ਕੀਤਾ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।

- ਖੇਤੀਬਾੜੀ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵਲੋਂ ਕੇਂਦਰੀ ਮੰਤਰੀ ਜੇ.ਪੀ. ਨੱਢਾ ਨਾਲ ਮੁਲਾਕਾਤ - ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਦਾ ਭਰੋਸਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਔਰਤਾਂ ਖਿਲਾਫ ਅੱਤਿਆਚਾਰ ਅਤੇ ਬੱਚਿਆਂ ਦੀ ਸੁਰੱਖਿਆ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਏ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿੱਚ ਜ਼ਿਲ੍ਹਾ ਨਿਆਂਪਾਲਿਕਾ ਦੀ ਦੋ ਰੋਜ਼ਾ ਕੌਮੀ ਕਾਨਫਰੰਸ ਦਾ ਉਦਘਾਟਨ ਕਰਨ ਮਗਰੋਂ ਇਹ ਗੱਲ ਕਹੀ। ਸ਼੍ਰੀ ਮੋਦੀ ਨੇ ਕਿਹਾ ਕਿ ਔਰਤਾਂ ਖਿਲਾਫ ਅੱਤਿਆਚਾਰਾਂ ਦੇ ਮਾਮਲਿਆਂ ਵਿੱਚ ਜਿੰਨੀ ਜਲਦੀ ਫੈਸਲੇ ਲਏ ਜਾਣਗੇ, ਓਨੀ ਹੀ ਜਲਦੀ ਔਰਤਾਂ ਦੀ ਸੁਰੱਖਿਆ ਯਕੀਨੀ ਹੋਵੇਗੀ। ਭਾਰਤੀ ਨਿਆਂ ਸੰਹਿਤਾ ਦੇ ਸਬੰਧ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਨਾਗਰਿਕ ਪਹਿਲਾਂ, ਮਾਣ ਪਹਿਲਾਂ ਅਤੇ ਨਿਆਂ ਪਹਿਲਾਂ, ਇਹਨਾਂ ਕਾਨੂੰਨਾਂ ਦੀ ਆਤਮਾ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ

ਨਿਆਂਇਕ ਢਾਂਚੇ ਦੇ ਵਿਕਾਸ ਲਈ ਕਰੀਬ 8 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਗਏ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਆਜ਼ਾਦੀ ਦੇ ਸੁਨਹਿਰੀ ਯੁੱਗ ਵਿੱਚ, 140 ਕਰੋੜ ਦੇਸ਼ਵਾਸੀਆਂ ਦਾ ਇੱਕ ਹੀ ਸੁਪਨਾ ਏ- ਵਿਕਸਤ ਭਾਰਤ, ਨਵਾਂ ਭਾਰਤ। ਇਸ ਮੌਕੇ ਪ੍ਰਧਾਨ ਮੰਤਰੀ ਨੇ, ਸਰਵਉੱਚ ਅਦਾਲਤ ਦੀ ਸਥਾਪਨਾ ਦੇ 75 ਸਾਲ ਪੂਰੇ ਹੋਣ ਦੀ ਯਾਦ ਵਿੱਚ ਇੱਕ ਡਾਕ ਟਿਕਟ ਅਤੇ ਇੱਕ ਸਿੱਕਾ ਵੀ ਜਾਰੀ ਕੀਤਾ । ਸਰਵਉੱਚ ਅਦਾਲਤ ਦੇ ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਕਾਨਫਰੰਸ ਆਲ ਇੰਡੀਆ ਜ਼ਿਲਾ ਕਾਨਫਰੰਸ ਦੀ ਅਗਲੀ ਕੜੀ ਏ । ਕਾਨਫਰੰਸ ਨੂੰ ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਨਿਆਂ ਪ੍ਰਕਿਰਿਆ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਏ । ਭਾਰਤ ਦੇ ਅਟਾਰਨੀ ਜਨਰਲ ਆਰ. ਵੈਂਕਟਾਰਮਣੀ, ਸੁਪਰੀਮ ਕੋਰਟ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਪਿਲ ਸਿੱਬਲ, ਬਾਰ ਕੌਂਸਲ ਆਫ਼ ਇੰਡੀਆ ਦੇ ਚੇਅਰਮੈਨ ਮਨਨ ਕੁਮਾਰ ਮਿਸ਼ਰਾ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ

। ਸੁਪਰੀਮ ਕੋਰਟ ਦੁਆਰਾ ਆਯੋਜਿਤ ਦੋ-ਰੋਜ਼ਾ ਕਾਨਫਰੰਸ ਵਿੱਚ ਜ਼ਿਲ੍ਹਾ ਨਿਆਂਪਾਲਿਕਾ ਦੇ ਮੁੱਦਿਆਂ 'ਤੇ ਪੰਜ ਸੈਸ਼ਨ ਸ਼ਾਮਲ ਕੀਤੇ ਗਏ ਨੇ।

---------------------------------------------------------

ਦੁਨੀਆ ਦੇ ਪ੍ਰਮੁੱਖ ਡਿਜੀਟਲ ਭੁਗਤਾਨ ਪਲੇਟਫਾਰਮਾਂ ਨੂੰ ਪਛਾੜਦੇ ਹੋਏ, ਭਾਰਤ ਦੇ ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ, ਇਸ ਸਾਲ ਅਪ੍ਰੈਲ-ਜੁਲਾਈ ਦੀ ਮਿਆਦ ਵਿੱਚ ਲਗਭਗ 81 ਲੱਖ ਕਰੋੜ ਰੁਪਏ ਦਾ ਲੈਣ-ਦੇਣ ਕੀਤਾ ਏ, ਜੋ ਕਿ ਇੱਕ ਸ਼ਾਨਦਾਰ 37 ਫੀਸਦੀ ਵਾਧਾ ਦਰਸਾਉਂਦਾ ਏ । ਗਲੋਬਲ ਪੇਮੈਂਟ ਹੱਬ Pay Secure ਦੇ ਤਾਜ਼ਾ ਅੰਕੜਿਆਂ ਅਨੁਸਾਰ, UPI ਨੇ ਪ੍ਰਤੀ ਸਕਿੰਟ 3 ਹਜ਼ਾਰ 729.1 ਟ੍ਰਾਂਜੈਕਸ਼ਨਾਂ ਨੂੰ ਪ੍ਰੋਸੈਸ ਕੀਤਾ, ਜੋ ਕਿ 2022 ਵਿੱਚ ਰਜਿਸਟਰਡ ਹਰ ਸਕਿੰਟ 2 ਹਜ਼ਾਰ 348 ਟ੍ਰਾਂਜੈਕਸ਼ਨਾਂ ਤੋਂ 58 ਫੀਸਦੀ ਦਾ ਵਾਧਾ ਦਰਸਾਉਂਦਾ ਏ। ਲੈਣ-ਦੇਣ ਦੀ ਗਿਣਤੀ ਵਿੱਚ UPI ਨੇ ਚੀਨ ਦੇ ਅਲੀਪੇ, ਪੇਪਾਲ ਅਤੇ ਬ੍ਰਾਜ਼ੀਲ ਦੇ PIX ਨੂੰ ਪਛਾੜਿਆ ਏ । ਜੁਲਾਈ ਵਿੱਚ, UPI ਲੈਣ-ਦੇਣ ਇੱਕ ਮਹੀਨੇ ਦੌਰਾਨ ਹੁਣ ਤੱਕ ਦਾ ਸਭ ਤੋਂ

ਵੱਧ 20 ਲੱਖ 6 ਹਜ਼ਾਰ ਕਰੋੜ ਰੁਪਏ ਨੂੰ ਪਾਰ ਕਰ ਗਿਆ। UPI ਲੈਣ-ਦੇਣ ਦਾ ਮੁੱਲ ਲਗਾਤਾਰ ਤਿੰਨ ਮਹੀਨਿਆਂ ਤੱਕ 20 ਲੱਖ ਕਰੋੜ ਰੁਪਏ ਤੋਂ ਉੱਪਰ ਰਿਹਾ ਏ।

---------------------------------------------------------------------

ਪੈਨਸ਼ਨਰਾਂ ਲਈ ਪ੍ਰਕਿਰਿਆ ਨੂੰ ਸਰਲ ਬਣਾਉਣ ਦੇ ਹੱਲ ਵਜੋਂ, ਕੇਂਦਰ ਸਰਕਾਰ ਨੇ ਅੱਜ, E –HRMS ਦੇ ਨਾਲ ਭਵਿਸ਼ਿਆ ਪੋਰਟਲ ਦਾ ਇੱਕ ਸਿੰਗਲ ਸਰਲ ਪੈਨਸ਼ਨ ਅਰਜ਼ੀ ਫਾਰਮ ਅਤੇ ਡਿਜੀਟਲ ਏਕੀਕਰਣ ਜਾਰੀ ਕੀਤਾ ਏ। ਇਨ੍ਹਾਂ ਵਿਲੱਖਣ ਉਪਾਵਾਂ ਦੀ ਸ਼ੁਰੂਆਤ ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਰਾਜ ਮੰਤਰੀ ਡਾ. ਜਤਿੰਦਰ ਸਿੰਘ ਨੇ, ਨਵੀਂ ਦਿੱਲੀ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ। ਇਸ ਮੌਕੇ ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਜੀਵਨ ਨੂੰ ਸੁਖਾਲਾ ਬਣਾਉਣ ਲਈ ਵਚਨਬੱਧ ਏ। ਅਮਲਾ ਅਤੇ ਸਿਖਲਾਈ ਵਿਭਾਗ ਦੇ ਸਕੱਤਰ ਵਿਵੇਕ ਜੋਸ਼ੀ ਨੇ ਇਹਨਾਂ ਉਪਾਵਾਂ ਨੂੰ ਮਨੁੱਖੀ ਸਰੋਤ ਪ੍ਰਬੰਧਨ ਨੂੰ ਵਧਾਉਣ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਦੱਸਿਆ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਅੱਜ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ । ਇਸ ਮੌਕੇ ਉਨ੍ਹਾਂ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਮੌਜੂਦ ਰਹੇ। ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਰਾਜਪਾਲ ਕਟਾਰੀਆ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਸਦਕਾ ਦੇਸ਼ ਅਤੇ ਦੇਸ਼ ਦੀ ਸੰਸਕ੍ਰਿਤੀ ਸਾਡੇ ਪਾਸ ਸੁਰੱਖਿਅਤ ਏ । ਉਹ ਵੀ ਨਵੀਂ ਜ਼ਿਮੇਵਾਰੀ ਮਿਲਣ ’ਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਲੈਣ ਆਏ ਹਨ, ਤਾਂ ਕਿ ਆਪਣੇ ਖੇਤਰ ਵਿਚ ਇਮਾਨਦਾਰੀ ਨਾਲ ਲੋਕਾਂ ਦੀ ਸੇਵਾ ਕਰ ਸਕਣ।

---

ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਪਾਣੀ ਦਾ ਪੱਧਰ ਹੇਠਾਂ ਜਾਣ

ਕਾਰਨ, ਸੂਬੇ ਦੇ ਕੁੱਲ 23 ਜ਼ਿਲ੍ਹਿਆਂ ਵਿੱਚੋਂ 8 ਜ਼ਿਲ੍ਹਿਆਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਡਿਗਦਾ ਜਾ ਰਿਹਾ ਏ, ਜਦਕਿ 9 ਜ਼ਿਲ੍ਹਿਆਂ ਵਿੱਚ ਪਾਣੀ ਦਾ ਪੱਧਰ ਹੇਠਾਂ ਜਾ ਚੁੱਕਾ ਏ। ਕੇਂਦਰੀ ਜ਼ਮੀਨੀ ਪਾਣੀ ਬੋਰਡ ਦੀ ਇੱਕ ਰਿਪੋਰਟ ਅਨੁਸਾਰ, ਧਰਤੀ ਹੇਠਲੇ ਪਾਣੀ ਦਾ ਪੱਧਰ ਲਗਭਗ 17 ਬਿਲੀਅਨ ਕਿਊਬਿਕ ਮੀਟਰ ਏ ਅਤੇ ਇਸ ਦੇ ਮੁਕਾਬਲੇ ਵਿਚ 28 ਬਿਲੀਅਨ ਕਿਊਬਿਕ ਮੀਟਰ ਪਾਣੀ ਕੱਢਿਆ ਜਾ ਰਿਹਾ ਏ, ਜਿਹੜਾ ਕਿ ਕੋਈ 163 ਫ਼ੀਸਦ ਵੱਧ ਏ।

*ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਕੇਂਦਰੀ ਬੋਰਡ ਦੀ ਰਿਪੋਰਟ ਉੱਸਰ ਜਮੀਨ ਹੇਠਲੇ ਪਾਣੀ ਵਿਚ ਸਭ ਤੋਂ ਮਾੜੀ ਹਾਲਤ ਇਸ ਵੇਲੇ ਮੁੱਖ ਮੰਤਰੀ ਦੇ ਆਪਣੇ ਜ਼ਿਲ੍ਹੇ ਸੰਗਰੂਰ ਦੀ ਏ ਜਿੱਥੇ ਪਾਣੀ ਦਾ ਇਹ ਪੱਧਰ 44 ਮੀਟਰ ਤੋਂ ਵੀ ਵੱਧ ਹੇਠਾਂ ਤਕ ਚਲਾ ਗਿਆ ਏ। ਇਸ ਤੋਂ ਅਲਾਵਾ ਪਟਿਆਲਾ, ਪਠਾਨਕੋਟ, ਜਲੰਧਰ, ਹੁਸ਼ਿਆਰਪੁਰ, ਰੋਪੜ, ਕਪੂਰਥਲਾ, ਤਰਨਤਾਰਨ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਵਿੱਚ ਵੀ ਪਾਣੀ ਦਾ ਪੱਧਰ ਵੀ ਲਗਾਤਾਰ ਡਿੱਗ ਰਿਹਾ ਏ ਅਤੇ ਇਨ੍ਹਾਂ*

***ਜ਼ਿਲ੍ਹਿਆਂ ਵਿੱਚ ਇਹ ਪੱਧਰ 28 ਤੋਂ 43 ਮੀਟਰ ਦੇ ਵਿਚਾਲੇ ਬਣਿਆ ਹੋਇਆ ਏ । ਪਾਣੀ ਦੀ ਵਧੇਰੇ ਦੂਰਵਰਤੋਂ ਕਾਰਨ ਸੂਬੇ ਦਾ ਕਰੀਬ 78 ਫ਼ੀਸਦੀ ਰਕਬਾ ਇਸ ਵੇਲੇ ਡਾਰਕ ਜ਼ੋਨ ਵਿੱਚ ਆ ਚੁੱਕਿਆ ਏ। ਖੇਤੀ ਮਾਹਿਰ ਇਸ ਦਾ ਮੁੱਖ ਕਾਰਨ ਝੋਨੇ ਦੀ ਫਸਲ ਨੂੰ ਹੀ ਮੰਨਦੇ ਨੇ । ਭਾਵੇਂ ਸੂਬਾ ਸਰਕਾਰ ਕਿਸਾਨਾਂ ਨੂੰ ਝੋਨੇ ਨੂੰ ਨਵੀਂ ਤਕਨੀਕ ਨਾਲ ਵਾਹੀ ਕਰਨ ਲਈ ਪ੍ਰੇਰਤ ਕਰਨ ਦੇ ਉਪਰਾਲੇ ਕਰ ਰਹੀ ਏ ਪਰ ਫੇਰ ਵੀ ਇਸ ਪਾਸੇ ਆਸ ਮੁਤਾਬਕ ਨਤੀਜੇ ਨਹੀਂ ਨਿਕਲੇ ਨੇ। ਅਜਿਹੇ ਵਿਚ ਆਉਂਦੇ ਸਮੇਂ ਵਿਚ ਸੂਬੇ ਵਿਚ ਜ਼ਮੀਨ ਹੇਠਲੇ ਪਾਣੀ ਦੇ ਹੋਰ ਡੂੰਘੇ ਹੋਣ ਦਾ ਖ਼ਦਸ਼ਾ ਲਗਾਤਾਰ ਬਣਿਆ ਹੋਇਆ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ ਜਲੰਧਰ***

***DESK***

---------------------------------------------------

ਆਉਂਦੇ ਹਾੜ੍ਹੀ ਸੀਜ਼ਨ ਲਈ ਪੰਜਾਬ ਦੇ ਕਿਸਾਨਾਂ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਯਕੀਨੀ ਬਣਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਨਵੀਂ ਦਿੱਲੀ

ਵਿਖੇ ਕੇਂਦਰੀ ਰਸਾਇਣ ਅਤੇ ਖਾਦ ਮੰਤਰੀ ਜੇ.ਪੀ. ਨੱਢਾ ਨਾਲ ਮੁਲਾਕਾਤ ਕੀਤੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਟੈਲੀਫ਼ੋਨ ਰਾਹੀਂ ਗੱਲਬਾਤ ਕਰਕੇ, ਕੇਂਦਰੀ ਮੰਤਰੀ ਜੇ.ਪੀ. ਨੱਢਾ ਨੂੰ ਅਗਸਤ ਮਹੀਨੇ ਵਿੱਚ ਡੀ.ਏ.ਪੀ. ਖਾਦ ਦੀ ਅਲਾਟਮੈਂਟ ਦੇ ਮੁਕਾਬਲੇ ਘੱਟ ਸਪਲਾਈ ਬਾਰੇ ਜਾਣੂ ਕਰਵਾਉਣ ਮਗਰੋਂ ਵਿਸ਼ੇਸ਼ ਮੁੱਖ ਸਕੱਤਰ ਦੀ ਅਗਵਾਈ ਹੇਠ, ਕੇਂਦਰੀ ਮੰਤਰੀ ਨਾਲ ਗੱਲਬਾਤ ਕਰਨ ਲਈ ਟੀਮ ਦਿੱਲੀ ਗਈ।ਇਸ ਮੁਲਾਕਾਤ ਦੌਰਾਨ, ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਪੰਜਾਬ ਮਾਰਕਫੈੱਡ ਦੇ ਸੀਨੀਅਰ ਅਧਿਕਾਰੀਆਂ ਨਾਲ, ਕੇ.ਏ.ਪੀ. ਸਿਨਹਾ ਨੇ ਹਾੜ੍ਹੀ ਸੀਜ਼ਨ 2024-25 ਲਈ ਸੂਬੇ ਦੀਆਂ ਖਾਦ ਸਬੰਧੀ ਜ਼ਰੂਰਤਾਂ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ ਸ੍ਰੀ ਨੱਢਾ ਨਾਲ ਮੀਟਿੰਗ ਸਫ਼ਲ ਰਹੀ ਅਤੇ ਉਨ੍ਹਾਂ ਨੇ ਭਰੋਸਾ ਦਿੱਤਾ ਏ ਕਿ ਪੰਜਾਬ ਨੂੰ ਆਉਂਦੇ ਹਾੜ੍ਹੀ ਸੀਜ਼ਨ ਦੌਰਾਨ ਲੋੜੀਂਦੀ ਮਾਤਰਾ ਵਿੱਚ ਡੀ.ਏ.ਪੀ. ਅਤੇ ਹੋਰ ਫਾਸਫੇਟਿਕ ਖਾਦਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਇਹ ਵੰਡ ਖਾਦਾਂ ਸਬੰਧੀ ਸਾਡੇ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰੇਗੀ।

ਕੇ.ਏ.ਪੀ. ਸਿਨਹਾ ਨੇ ਪੰਜਾਬ ਵਿੱਚ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਰਸਾਇਣ ਅਤੇ ਖਾਦ ਮੰਤਰਾਲੇ ਦੇ ਸਕੱਤਰ ਰਜਤ ਕੁਮਾਰ ਮਿਸ਼ਰਾ ਨਾਲ ਵੀ ਮੀਟਿੰਗ ਕੀਤੀ।

---------------------------------------------------

ਭਾਰਤੀ ਸੂਚਨਾ ਸੇਵਾ ਦੇ ਸੀਨੀਅਰ ਅਧਿਕਾਰੀ ਅਤੇ ਆਕਾਸ਼ਵਾਣੀ ਜਲੰਧਰ ਦੇ ਖੇਤਰੀ ਸਮਾਚਾਰ ਯੂਨਿਟ ਦੇ ਮੁਖੀ ਡਿਪਟੀ ਡਾਇਰੈਕਟਰ, ਸ਼ਿਸ਼ੂ ਸ਼ਰਮਾ ਸ਼ਾਂਤਲ ਕਰੀਬ 30 ਸਾਲ 10 ਮਹੀਨੇ ਦੀ ਸੇਵਾ ਮਗਰੋਂ ਅੱਜ ਰਿਟਾਇਰ ਹੋ ਗਏ। ਆਕਾਸ਼ਵਾਣੀ ਜਲੰਧਰ ਤੋਂ ਬੀਤੇ ਸਾਲ 2023 ਵਿਚ ਸ਼ੁਰੂ ਹੋਏ ਪੰਜਾਬੀ ਖ਼ਬਰਾਂ ਦੇ ਬੁਲੇਟਿਨ ਨੂੰ ਚੰਗੇ ਤਰੀਕੇ ਨਾਲ ਸਥਾਪਤ ਕਰਨ ਵਿਚ, ਸ਼ਿਸ਼ੂ ਸ਼ਰਮਾ ਸ਼ਾਂਤਲ ਨੇ ਅਹਿਮ ਭੂਮਿਕਾ ਨਿਭਾਈ।ਆਕਾਸ਼ਵਾਣੀ ਵਲੋਂ ਇਸ ਮੌਕੇ ਤੇ ਇਕ ਨਿੱਘੀ ਵਿਦਾਇਗੀ ਪਾਰਟੀ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿਚ ਆਕਾਸ਼ਵਾਣੀ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ, ਇੰਜੀਨੀਅਰਿੰਗ ਰਣਜੀਤ ਮੀਣਾ ਤੇ ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਸਮੇਤ ਹੋਰ ਅਧਿਕਾਰੀ ਤੇ ਕਰਮਚਾਰੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਮੌਜੂਦ ਰਹੇ। ਆਪਣੇ

ਸੰਬੋਧਨ ਵਿਚ ਰਣਜੀਤ ਮੀਣਾ ਨੇ ਸ਼ਿਸ਼ੂ ਸ਼ਰਮਾ ਸ਼ਾਂਤਲ ਵਲੋਂ ਨਿਭਾਇਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸਤੋਂ ਪਹਿਲਾਂ, ਆਕਾਸ਼ਵਾਣੀ ਜਲੰਧਰ ਦੇ ਵੇਹੜੇ ਵਿਚ ਨਵੀ ਪਿਰਤ ਪਾਉਂਦਿਆਂ, ਸੇਵਾਮੁਕਤ ਹੋ ਰਹੇ ਡਿਪਟੀ ਡਾਇਰੈਕਟਰ ਸ਼ਿਸ਼ੂ ਸ਼ਰਮਾ ਸ਼ਾਂਤਲ ਨੇ ਆਪਣੀ ਸੇਵਾਮੁਕਤੀ ਨੂੰ ਯਾਦਗਾਰ ਬਣਾਉਣ ਅਤੇ ਆਕਾਸ਼ਵਾਣੀ ਨਾਲ ਜੁੜੀਆਂ ਆਪਣੀਆਂ ਯਾਦਾਂ ਬਰਕਰਾਰ ਰੱਖਣ ਦੇ ਮੰਤਵ ਨਾਲ, ਆਪਣੀ ਧਰਮ ਪਤਨੀ ਰਚਨਾ ਸ਼ਰਮਾ ਦੇ ਨਾਲ ਅਕਾਸ਼ਵਾਣੀ ਜਲੰਧਰ ਦੇ ਬਗ਼ੀਚੇ ਵਿੱਚ ਆਪਣੇ ਕਰ ਕਮਲਾਂ ਨਾਲ ਫ਼ਲਦਾਰ ਬੂਟੇ ਲਗਾਏ, ਤਾਂ ਜੋ ਵਾਤਾਵਰਣ ਦੀ ਸਾਂਭ ਸੰਭਾਲ ਵਿੱਚ ਵੀ, ਉਹ ਆਪਣਾ ਨਿਮਾਣਾ ਜਿਹਾ ਯੋਗਦਾਨ ਦੇ ਸਕਣ । ਸਾਲ 2009 ਵਿਚ ਪ੍ਰਸਾਰ ਭਾਰਤੀ ਦਾ ਕੌਮੀ ਪੁਰਸਕਾਰ ਹਾਸਲ ਕਰਨ ਵਾਲੇ ਸ਼ਿਸ਼ੂ ਸ਼ਰਮਾ ਸ਼ਾਂਤਲ ਨੂੰ ਸਾਲ 2012 ਵਿਚ ਹਿਮਾਚਲ ਪ੍ਰਦੇਸ਼ ਦੇ ਉਸ ਵੇਲੇ ਦੇ ਮੁੱਖ ਮੰਤਰੀ ਪ੍ਰੇਮ ਕੁਮਾਰ ਧੂਮਲ ਨੇ ਵਿਕਾਸਮੁਖੀ ਪੱਤਰਕਾਰਿਤਾ ਲਈ, ਰਾਜ ਪੱਧਰੀ ਪੁਰਸਕਾਰ ਨਾਲ ਵੀ ਨਵਾਜਿਆ ਸੀ। ਆਪਣੇ ਕਾਰਜਕਾਲ ਦੌਰਾਨ ਸ਼ਿਸ਼ੂ ਸ਼ਰਮਾ ਸ਼ਾਂਤਲ ਨੇ ਆਕਾਸ਼ਵਾਣੀ ਤੇ ਦੂਰਦਰਸ਼ਨ ਤੋਂ ਅਲਾਵਾ ਆਕਾਸ਼ਵਾਣੀ ਦੀ ਮੋਨੀਟਰਿੰਗ

ਸਰਵਿਸ, ਪੱਤਰ ਸੂਚਨਾ ਦਫਤਰ ਅਤੇ DAVP ਵਿਚ ਆਪਣੀਆਂ ਸੇਵਾਵਾਂ ਦਿਤੀਆਂ। ਉਨਾਂ ਨੂੰ ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਦੇ ਵਿਦੇਸ਼ੀ ਦੌਰੇ ਦੌਰਾਨ, ਕਈ ਵਾਰ ਕਵਰੇਜ ਲਈ ਜਾਣ ਦਾ ਮੌਕਾ ਵੀ ਮਿਲਿਆ। ਮਗਰੋਂ ਦੇਰ ਸ਼ਾਮ ਨੂੰ ਗਿੱਧੇ, ਭੰਗੜੇ ਅਤੇ ਢੋਲ ਧਮੱਕੇ ਨਾਲ ਸਮੂਹ ਸਟਾਫ਼ ਨੇ ਸ਼ਿਸ਼ੂ ਸ਼ਰਮਾ ਸ਼ਾਂਤਲ ਨੂੰ ਪਰਿਵਾਰਕ ਮੈਂਬਰਾਂ ਨਾਲ ਖੁਸ਼ੀ ਖੁਸ਼ੀ ਰਵਾਨਾ ਕੀਤਾ।

--------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਅੱਜ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਦੀ ਸ਼ੁਰੂਆਤ ਕੋਟਕਪੂਰਾ ਦੇ ਪਿੰਡ ਹਰੀਨੌ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਕੀਤੀ। ਸਪੀਕਰ ਸੰਧਵਾ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਵਿਚ ਹਰ ਉਮਰ ਵਰਗ ਦੇ ਖਿਡਾਰੀਆਂ ਨੂੰ ਖੇਡਣ ਦਾ ਮੌਕਾ ਮਿਲ ਰਿਹਾ ਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿਚ ਖਿਡਾਰੀ ਦੀ ਰਜਿਸਟਰੇਸ਼ਨ ਆਨਲਾਈਨ ਜਾਂ ਮੌਕੇ ਤੇ ਵੀ ਹੋ ਸਕਦੀ ਏ। ਉਨ੍ਹਾਂ ਕਿਹਾ ਕਿ ਸਭ ਤੋਂ ਵੱਧ ਖੁਸ਼ੀ ਦੀ ਗੱਲ ਏ ਕਿ 9 ਕਰੋੜ ਤੋਂ ਉਪਰ ਤੱਕ ਦੇ ਇਨਾਮ ਇਨ੍ਹਾਂ ਖੇਡਾਂ ਵਿੱਚ ਦਿੱਤੇ

ਜਾਣਗੇ। ਇਸੇ ਕੜੀ ਤਹਿਤ ਫਰੀਦਕੋਟ ਵਿਚ ਬਲਾਕ ਪੱਧਰੀ ਖੇਡਾਂ ਕੋਟਕਪੂਰਾ ਅਤੇ ਜੈਤੋ ਵਿਖੇ ਸ਼ੁਰੂ ਹੋ ਗਈਆਂ।

---------------------------------------------------------------

ਬਠਿੰਡਾ ਜ਼ਿਲ੍ਹੇ ਅੰਦਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਲੋਂ, ਸਾਲ 2022 ਤੋਂ ਲੈ ਕੇ ਹੁਣ ਤੱਕ 143 ਕਰੋੜ 80 ਲਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਤਰ੍ਹਾਂ ਦੇ ਵਿਕਾਸ ਕਾਰਜ ਕਰਵਾਏ ਜਾ ਚੁੱਕੇ ਨੇ। ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਦਾ ਪਲੇਠਾ ਬਟੈਨੀਕਲ ਪਾਰਕ, ਰੋਜ ਗਾਰਡਨ ਦੇ ਸਾਹਮਣੇ ਸਾਢੇ 7 ਏਕੜ ਵਿਚ 7 ਕਰੋੜ 21 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਏ ਅਤੇ ਪਾਣੀ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਝੀਲ ਨੰਬਰ 1 ਦੇ ਨੇੜੇ, ਸਾਢੇ 37 ਕਰੋੜ ਦੀ ਲਾਗਤ ਨਾਲ ਨਵਾਂ ਵਾਟਰ ਵਰਕਸ ਬਣਾਇਆ ਜਾਵੇਗਾ।

---------------------------------------------------------------

ਫਰੀਦਕੋਟ ਵਿਚ ਪਿਛਲੇ ਦਿਨਾਂ ਤੋਂ ਰੁਕ ਰੁਕ ਕੇ ਹੋ ਰਹੀ ਬਾਰਸ਼ ਕਾਰਨ, ਨਰਮੇ ਦੀ ਫ਼ਸਲ ਨੂੰ ਬਹੁਤ ਫਾਇਦਾ ਹੋਇਆ ਏ, ਜਿਸ ਨਾਲ

ਚਿੱਟੀ ਮੱਖੀ ਦੇ ਹਮਲੇ ਤੋਂ ਰਾਹਤ ਮਿਲੀ ਏ। ਇਸਦੇ ਬਾਵਜੂਦ ਨਰਮੇ ਦੀ ਫ਼ਸਲ ਉੱਪਰ ਗੁਲਾਬੀ ਸੁੰਡੀ ਦੇ ਹਮਲੇ ਪ੍ਰਤੀ ਸੁਚੇਤ ਹੋਣ ਦੀ ਜ਼ਰੂਰਤ ਏ। ਪਿੰਡ ਢਿੱਲਵਾਂ ਵਿੱਚ ਕਿਸਾਨ ਜਸਵਿੰਦਰ ਸਿੰਘ ਦੇ ਨਰਮੇ ਦੀ ਫਸਲ ਦਾ ਜਾਇਜ਼ਾ ਲੈਂਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਇਹ ਗੱਲ ਕਹੀ । ਉਨ੍ਹਾਂ ਕਿਹਾ ਕਿ ਜ਼ਿਲੇ 'ਚ ਤਕਰੀਬਨ 325 ਹੈਕਟੇਅਰ ਰਕਬੇ ਵਿਚ ਨਰਮੇ ਦੀ ਕਾਸ਼ਤ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਬਾਰਸ਼ਾਂ ਹੋਣ ਕਾਰਨ ਨਰਮੇ ਫ਼ਸਲ ਦਾ ਵਾਧਾ ਹੋਣ ਦੇ ਨਾਲ ਹਾਲਤ ਠੀਕ ਏ।

---------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿਖੇ, ਜ਼ਿਲ੍ਹਾ ਨਿਆਂਪਾਲਿਕਾ ਦੀ ਦੋ ਦਿਨਾਂ ਕੌਮੀ ਕਾਨਫਰੰਸ ਦਾ ਉਦਘਾਟਨ ਕੀਤਾ- ਕਿਹਾ ਕਿ ਔਰਤਾਂ ਵਿਰੁੱਧ ਅੱਤਿਆਚਾਰ ਅਤੇ ਬੱਚਿਆਂ ਦੀ ਸੁਰੱਖਿਆ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਏ।

- ਦੁਨੀਆ ਦੇ ਪ੍ਰਮੁੱਖ ਡਿਜੀਟਲ ਭੁਗਤਾਨ ਪਲੇਟਫਾਰਮਾਂ ਨੂੰ ਪਛਾੜਦੇ ਹੋਏ, ਭਾਰਤ ਦੇ ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ, ਇਸ ਸਾਲ ਅਪ੍ਰੈਲ-ਜੁਲਾਈ ਦੀ ਮਿਆਦ ਵਿੱਚ, ਕਰੀਬ 81 ਲੱਖ ਕਰੋੜ ਰੁਪਏ ਦਾ ਲੈਣ-ਦੇਣ ਕੀਤਾ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।
- ਖੇਤੀਬਾੜੀ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵਲੋਂ ਕੇਂਦਰੀ ਮੰਤਰੀ ਜੇ.ਪੀ. ਨੱਢਾ ਨਾਲ ਮੁਲਾਕਾਤ - ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਦਾ ਭਰੋਸਾ।